ਬਿਲਾਵਲੁ ਮਹਲਾ ੫ ॥ ਏਕ ਟੇਕ ਗੋਵਿੰਦ ਕੀ ਤਿਆਗੀ ਅਨ ਆਸ ॥ ਸਭ ਊਪਰਿ ਸਮਰਥ ਪ੍ਰਭ ਪੂਰਨ ਗੁਣਤਾਸ ॥੧॥ ਜਨ ਕਾ ਨਾਮੁ ਅਧਾਰੁ ਹੈ ਪ੍ਰਭ ਸਰਣੀ ਪਾਹਿ ॥ ਪਰਮੇਸਰ ਕਾ ਆਸਰਾ ਸੰਤਨ ਮਨ ਮਾਹਿ ॥੧॥ ਰਹਾਉ ॥ ਆਪਿ ਰਖੈ ਆਪਿ ਦੇਵਸੀ ਆਪੇ ਪ੍ਰਤਿਪਾਰੈ ॥ ਦੀਨ ਦਇਆਲ ਕ੍ਰਿਪਾ ਨਿਧੇ ਸਾਸਿ ਸਾਸਿ ਸਮ੍ਾਰੈ ॥ ੨॥ ਕਰਣਹਾਰੁ ਜੋ ਕਰਿ ਰਹਿਆ ਸਾਈ ਵਡਿਆਈ ॥ ਗੁਰਿ ਪੂਰੈ ਉਪਦੇਸਿਆ ਸੁਖੁ ਖਸਮ ਰਜਾਈ ॥ ੩॥ ਚਿੰਤ ਅੰਦੇਸਾ ਗਣਤ ਤਜਿ ਜਨਿ ਹੁਕਮੁ ਪਛਾਤਾ ॥ ਨਹ ਬਿਨਸੈ ਨਹ ਛੋਡਿ ਜਾਇ ਨਾਨਕ ਰੰਗਿ ਰਾਤਾ ॥੪॥੧੮॥੪੮॥ {ਪੰਨਾ 812-813}

ਪਦਅਰਥ:- ਟੇਕ—ਓਟ। ਅਨ—{ANX} ਹੋਰ। ਸਮਰਥ—ਤਾਕਤ ਰੱਖਣ ਵਾਲਾ। ਗੁਣ ਤਾਸ—ਗੁਣਾਂ ਦਾ ਖ਼ਜ਼ਾਨਾ।1।

ਜਨ—ਦਾਸ, ਸੇਵਕ। ਅਧਾਰੁ—ਆਸਰਾ। ਪਾਹਿ—(ਦਾਸ) ਪੈਂਦੇ ਹਨ। ਮਾਹਿ—ਵਿਚ।1। ਰਹਾਉ।

ਆਪਿ—ਪ੍ਰਭੂ ਆਪ। ਪ੍ਰਤਿਪਾਰੈ—ਪਾਲਦਾ ਹੈ। ਕ੍ਰਿਪਾ ਨਿਧੇ—ਕਿਰਪਾ ਦਾ ਖ਼ਜ਼ਾਨਾ। ਸਾਸਿ ਸਾਸਿ—(ਜੀਵ ਦੇ) ਹਰੇਕ ਸਾਹ ਦੇ ਨਾਲ। ਸਮ੍ਾਰੈ—ਸੰਭਾਲ ਕਰਦਾ ਹੈ।2।

ਕਰਣਹਾਰੁ—ਸਭ ਕੁਝ ਕਰ ਸਕਣ ਵਾਲਾ। ਸਾਈ—ਉਹੀ। ਗੁਰਿ ਪੂਰੈ—ਪੂਰੇ ਗੁਰੂ ਨੇ। ਰਜਾਈ—ਰਜ਼ਾਈ, ਰਜ਼ਾ ਵਿਚ (ਰਿਹਾਂ)।3।

ਤਜਿ—ਛੱਡ ਕੇ। ਜਨਿ—ਦਾਸ ਨੇ। ਰੰਗਿ—ਰੰਗ ਵਿਚ, ਪਿਆਰ ਵਿਚ।4।

ਅਰਥ:- ਹੇ ਭਾਈ! ਪਰਮਾਤਮਾ ਦੇ ਸੇਵਕਾਂ (ਦੀ ਜ਼ਿੰਦਗੀ) ਦਾ ਆਸਰਾ ਪਰਮਾਤਮਾ ਦਾ ਨਾਮ (ਹੀ ਹੁੰਦਾ) ਹੈ, ਸੇਵਕ ਸਦਾ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ, ਸੇਵਕਾਂ ਦੇ ਮਨ ਵਿਚ ਸਦਾ ਪਰਮਾਤਮਾ (ਦੇ ਨਾਮ) ਦਾ ਹੀ ਸਹਾਰਾ ਹੁੰਦਾ ਹੈ।1। ਰਹਾਉ।

ਹੇ ਭਾਈ! ਪ੍ਰਭੂ ਦੇ ਭਗਤ ਇਕ ਪ੍ਰਭੂ ਦੀ ਹੀ ਓਟ ਲੈਂਦੇ ਹਨ, ਹੋਰ (ਆਸਰਿਆਂ ਦੀ) ਆਸ ਛੱਡ ਦੇਂਦੇ ਹਨ। (ਉਹਨਾਂ ਨੂੰ ਨਿਸ਼ਚਾ ਰਹਿੰਦਾ ਹੈ ਕਿ) ਪ੍ਰਭੂ ਸਭ ਜੀਵਾਂ ਉਤੇ ਤਾਕਤ ਰੱਖਣ ਵਾਲਾ ਹੈ, ਸਭ ਤਾਕਤਾਂ ਨਾਲ ਭਰਪੂਰ ਹੈ, ਸਭ ਗੁਣਾਂ ਦਾ ਖ਼ਜ਼ਾਨਾ ਹੈ।1।

(ਹੇ ਭਾਈ! ਸੰਤ ਜਨਾਂ ਨੂੰ ਯਕੀਨ ਹੈ ਕਿ) ਪਰਮਾਤਮਾ ਆਪ ਹਰੇਕ ਜੀਵ ਦੀ ਰੱਖਿਆ ਕਰਦਾ ਹੈ, ਆਪ ਹਰੇਕ ਦਾਤਿ ਦੇਂਦਾ ਹੈ, ਆਪ ਹੀ (ਹਰੇਕ ਦੀ) ਪਾਲਣਾ ਕਰਦਾ ਹੈ, ਪ੍ਰਭੂ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਕਿਰਪਾ ਦਾ ਸੋਮਾ ਹੈ, ਤੇ, (ਹਰੇਕ ਜੀਵ ਦੇ) ਹਰੇਕ ਸਾਹ ਨਾਲ ਸੰਭਾਲ ਕਰਦਾ ਹੈ।2।

ਹੇ ਭਾਈ! ਜਿਸ ਮਨੁੱਖ ਨੂੰ ਪੂਰੇ ਗੁਰੂ ਨੇ (ਸਹੀ ਜੀਵਨ ਦੀ) ਸਿੱਖਿਆ ਦਿੱਤੀ (ਉਸ ਨੂੰ ਯਕੀਨ ਬਣ ਗਿਆ ਕਿ) ਮਾਲਕ-ਪ੍ਰਭੂ ਦੀ ਰਜ਼ਾ ਵਿਚ ਰਿਹਾਂ ਹੀ ਸੁਖ ਮਿਲਦਾ ਹੈ, ਸਭ ਕੁਝ ਕਰਨ ਦੇ ਸਮਰੱਥ ਪ੍ਰਭੂ ਜੋ ਕੁਝ ਕਰ ਰਿਹਾ ਹੈ ਉਹੀ ਜੀਵਾਂ ਦੀ ਭਲਾਈ ਵਾਸਤੇ ਹੈ।3।

ਹੇ ਨਾਨਕ! ਪਰਮਾਤਮਾ ਦੇ ਦਾਸ ਨੇ (ਦੁਨੀਆ ਵਾਲੇ) ਚਿੰਤਾ ਫ਼ਿਕਰ ਝੋਰੇ ਛੱਡ ਕੇ ਸਦਾ ਪਰਮਾਤਮਾ ਦੇ ਹੁਕਮ ਨੂੰ (ਹੀ ਆਪਣੇ ਭਲੇ ਵਾਸਤੇ) ਪਛਾਣਿਆ ਹੈ। ਪ੍ਰਭੂ ਦਾ ਦਾਸ ਸਦਾ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ (ਉਸ ਨੂੰ ਯਕੀਨ ਹੈ ਕਿ) ਪ੍ਰਭੂ ਕਦੇ ਮਰਦਾ ਨਹੀਂ, ਅਤੇ ਹੀ ਆਪਣੇ ਸੇਵਕ ਦਾ ਸਾਥ ਛੱਡਦਾ ਹੈ।4। 18। 48।